ਰਾਮਕਲੀ ਮਹਲਾ ੫ ॥ ਤੇਰੀ ਸਰਣਿ ਪੂਰੇ ਗੁਰਦੇਵ ॥ ਤੁਧੁ ਬਿਨੁ ਦੂਜਾ ਨਾਹੀ ਕੋਇ ॥ ਤੂ ਸਮਰਥੁ ਪੂਰਨ ਪਾਰਬ੍ਰਹਮੁ ॥ ਸੋ ਧਿਆਏ ਪੂਰਾ ਜਿਸੁ ਕਰਮੁ ॥ ੧॥ ਤਰਣ ਤਾਰਣ ਪ੍ਰਭ ਤੇਰੋ ਨਾਉ ॥ ਏਕਾ ਸਰਣਿ ਗਹੀ ਮਨ ਮੇਰੈ ਤੁਧੁ ਬਿਨੁ ਦੂਜਾ ਨਾਹੀ ਠਾਉ ॥੧॥ ਰਹਾਉ ॥ ਜਪਿ ਜਪਿ ਜੀਵਾ ਤੇਰਾ ਨਾਉ ॥ ਆਗੈ ਦਰਗਹ ਪਾਵਉ ਠਾਉ ॥ ਦੂਖੁ ਅੰਧੇਰਾ ਮਨ ਤੇ ਜਾਇ ॥ ਦੁਰਮਤਿ ਬਿਨਸੈ ਰਾਚੈ ਹਰਿ ਨਾਇ ॥੨॥ ਚਰਨ ਕਮਲ ਸਿਉ ਲਾਗੀ ਪ੍ਰੀਤਿ ॥ ਗੁਰ ਪੂਰੇ ਕੀ ਨਿਰਮਲ ਰੀਤਿ ॥ ਭਉ ਭਾਗਾ ਨਿਰਭਉ ਮਨਿ ਬਸੈ ॥ ਅੰਮ੍ਰਿਤ ਨਾਮੁ ਰਸਨਾ ਨਿਤ ਜਪੈ ॥ ੩॥ ਕੋਟਿ ਜਨਮ ਕੇ ਕਾਟੇ ਫਾਹੇ ॥ ਪਾਇਆ ਲਾਭੁ ਸਚਾ ਧਨੁ ਲਾਹੇ ॥ ਤੋਟਿ ਨ ਆਵੈ ਅਖੁਟ ਭੰਡਾਰ ॥ ਨਾਨਕ ਭਗਤ ਸੋਹਹਿ ਹਰਿ ਦੁਆਰ ॥੪॥੨੩॥੩੪॥ {ਪੰਨਾ 893}

ਪਦਅਰਥ:- ਗੁਰਦੇਵ—ਹੇ ਗੁਰਦੇਵ! ਸਮਰਥੁ—ਸਭ ਤਾਕਤਾਂ ਦਾ ਮਾਲਕ। ਸੋ—ਉਹ ਬੰਦਾ। ਜਿਸੁ—ਜਿਸ ਉਤੇ। ਕਰਮੁ—ਬਖ਼ਸ਼ਸ਼।1।

ਤਰਣ—ਬੇੜੀ। ਪ੍ਰਭ—ਹੇ ਪ੍ਰਭੂ! ਗਹੀ—ਫੜੀ। ਮਨ ਮੇਰੈ—ਮੇਰੇ ਮਨ ਨੇ। ਠਾਉ—ਥਾਂ।1। ਰਹਾਉ।

ਜਪਿ—ਜਪ ਕੇ। ਜਪਿ ਜਪਿ—ਮੁੜ ਮੁੜ ਜਪ ਕੇ। ਜੀਵਾ—ਜੀਵਾਂ, ਮੈਂ ਜੀਉਂਦਾ ਹਾਂ, ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ। ਪਾਵਉ—ਪਾਵਉਂ, ਮੈਂ ਪ੍ਰਾਪਤ ਕਰਦਾ ਹਾਂ। ਮਨ ਤੇ—ਮਨ ਤੋਂ। ਜਾਇ—ਚਲਾ ਜਾਂਦਾ ਹੈ। ਦੁਰਮਤਿ—ਭੈੜੀ ਮਤਿ। ਰਾਚੈ—ਰਚਦਾ ਹੈ, ਲੀਨ ਹੁੰਦਾ ਹੈ। ਨਾਇ—ਨਾਮ ਵਿਚ।2।

ਸਿਉ—ਨਾਲ। ਚਰਨ ਕਮਲ—ਕੌਲ ਫੁੱਲਾਂ ਵਰਗੇ ਸੋਹਣੇ ਚਰਨ। ਨਿਰਮਲ—ਪਵਿੱਤਰ। ਰੀਤਿ—ਮਰਯਾਦਾ। ਭਉ—ਡਰ। ਨਿਰਭਉ—ਡਰ-ਰਹਿਤ ਪਰਮਾਤਮਾ। ਮਨਿ—ਮਨ ਵਿਚ। ਅੰਮ੍ਰਿਤ ਨਾਮੁ—ਆਤਮਕ ਜੀਵਨ ਦੇਣ ਵਾਲਾ ਨਾਮ। ਰਸਨਾ—ਜੀਭ (ਨਾਲ)।3।

ਕੋਟਿ—ਕ੍ਰੋੜਾਂ। ਸਚਾ—ਸਦਾ ਕਾਇਮ ਰਹਿਣ ਵਾਲਾ। ਲਾਹੇ—ਖੱਟੀ, ਨਫ਼ਾ। ਤੋਟਿ—ਘਾਟਾ। ਅਖੁਟ—ਕਦੇ ਨਾਹ ਮੁੱਕਣ ਵਾਲੇ। ਭੰਡਾਰ—ਖ਼ਜ਼ਾਨੇ। ਸੋਹਹਿ—ਸੋਭਦੇ ਹਨ। ਦੁਆਰ—ਦੁਆਰਿ, ਦਰਵਾਜ਼ੇ ਤੇ।4।

ਅਰਥ:- ਹੇ ਪ੍ਰਭੂ! ਤੇਰਾ ਨਾਮ (ਜੀਵਾਂ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਲਈ ਜਹਾਜ਼ ਹੈ। ਮੇਰੇ ਮਨ ਨੇ ਇਕ ਤੇਰੀ ਹੀ ਓਟ ਲਈ ਹੈ। ਹੇ ਪ੍ਰਭੂ! ਤੈਥੋਂ ਬਿਨਾ ਮੈਨੂੰ ਕੋਈ ਹੋਰ (ਆਸਰੇ ਵਾਲੀ) ਥਾਂ ਨਹੀਂ ਸੁੱਝਦੀ।1। ਰਹਾਉ।

ਹੇ ਸਰਬ-ਗੁਣ ਭਰਪੂਰ ਤੇ ਸਭ ਤੋਂ ਵੱਡੇ ਦੇਵਤੇ! ਮੈਂ ਤੇਰੀ ਸਰਨ ਆਇਆ ਹਾਂ। ਤੈਥੋਂ ਬਿਨਾ ਮੈਨੂੰ ਕੋਈ ਹੋਰ (ਸਹਾਈ) ਨਹੀਂ (ਦਿੱਸਦਾ)। ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ ਹਰ ਥਾਂ ਵਿਆਪਕ ਪਰਮੇਸ਼ਰ ਹੈਂ। ਉਹੀ ਮਨੁੱਖ ਤੇਰਾ ਧਿਆਨ ਧਰ ਸਕਦਾ ਹੈ ਜਿਸ ਉਤੇ ਤੇਰੀ ਪੂਰੀ ਬਖ਼ਸ਼ਸ਼ ਹੋਵੇ।1।

ਹੇ ਮੇਰੇ ਗੁਰਦੇਵ! ਤੇਰਾ ਨਾਮ ਜਪ ਜਪ ਕੇ ਮੈਂ (ਇਥੇ) ਆਤਮਕ ਜੀਵਨ ਹਾਸਲ ਕਰ ਰਿਹਾ ਹਾਂ, ਅਗਾਂਹ ਤੇਰੀ ਹਜ਼ੂਰੀ ਵਿਚ ਮੈਂ (ਟਿਕਣ ਜੋਗਾ) ਥਾਂ ਪ੍ਰਾਪਤ ਕਰ ਸਕਾਂਗਾ। ਹੇ ਪ੍ਰਭੂ! ਜਿਹੜਾ ਮਨੁੱਖ ਤੇਰੇ ਨਾਮ ਵਿਚ ਲੀਨ ਹੁੰਦਾ ਹੈ, (ਉਸ ਦੇ ਅੰਦਰੋਂ) ਭੈੜੀ ਮਤਿ ਦੂਰ ਹੋ ਜਾਂਦੀ ਹੈ, ਉਸ ਦੇ ਮਨ ਤੋਂ ਦੁੱਖ-ਕਲੇਸ਼ ਤੇ (ਮਾਇਆ ਦੇ ਮੋਹ ਦਾ) ਹਨੇਰਾ ਚਲਾ ਜਾਂਦਾ ਹੈ।2।

(ਹੇ ਭਾਈ! ਪਰਮਾਤਮਾ ਦਾ ਨਾਮ ਜਪਣਾ ਹੀ) ਪੂਰੇ ਗੁਰੂ ਦੀ ਪਵਿੱਤਰ ਜੀਵਨ-ਮਰਯਾਦਾ ਹੈ (ਜਿਹੜਾ ਮਨੁੱਖ ਇਹ ਮਰਯਾਦਾ ਧਾਰਨ ਕਰਦਾ ਹੈ, ਉਸ ਦਾ) ਪਿਆਰ (ਪਰਮਾਤਮਾ ਦੇ) ਸੋਹਣੇ ਚਰਨਾਂ ਨਾਲ ਬਣ ਜਾਂਦਾ ਹੈ। ਜਿਹੜਾ ਮਨੁੱਖ ਆਪਣੀ ਜੀਭ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ ਨਿੱਤ ਜਪਦਾ ਹੈ, ਡਰ-ਰਹਿਤ ਪ੍ਰਭੂ ਉਸ ਦੇ ਮਨ ਵਿਚ ਆ ਵੱਸਦਾ ਹੈ (ਇਸ ਵਾਸਤੇ ਉਸ ਦਾ ਹਰੇਕ) ਡਰ ਦੂਰ ਹੋ ਜਾਂਦਾ ਹੈ।3।

ਹੇ ਨਾਨਕ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਪਰਮਾਤਮਾ ਦੇ ਦਰ ਤੇ ਸੋਭਾ ਪਾਂਦੇ ਹਨ। (ਭਗਤੀ ਦਾ ਸਦਕਾ ਉਹਨਾਂ ਦੇ ਪਹਿਲੇ ਕ੍ਰੋੜਾਂ ਜਨਮਾਂ ਦੇ (ਮਾਇਆ ਦੇ) ਬੰਧਨ ਕੱਟੇ ਜਾਂਦੇ ਹਨ (ਜੀਵ ਇਥੇ ਜਗਤ ਵਿਚ ਹਰਿ-ਨਾਮ-ਧਨ ਦਾ ਵਣਜ ਕਰਨ ਆਉਂਦੇ ਹਨ। ਪ੍ਰਭੂ ਦੀ ਭਗਤੀ ਕਰਨ ਵਾਲੇ ਬੰਦੇ) ਸਦਾ ਕਾਇਮ ਰਹਿਣ ਵਾਲਾ ਨਾਮ-ਧਨ-ਨਫ਼ਾ ਖੱਟ ਲੈਂਦੇ ਹਨ (ਉਹਨਾਂ ਪਾਸ ਇਸ ਨਾਮ-ਧਨ ਦੇ) ਕਦੇ ਨਾਹ ਮੁੱਕਣ ਵਾਲੇ ਖ਼ਜ਼ਾਨੇ (ਭਰ ਜਾਂਦੇ ਹਨ ਜਿਨ੍ਹਾਂ ਵਿਚ) ਕਦੇ ਘਾਟਾ ਨਹੀਂ ਪੈਂਦਾ।4। 23। 34।